I/30612/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

' ਕੋਵਾ ਐਪ ' ਜ਼ਰੂਰੀ ਸੇਵਾਵਾਂ ਤੱਕ ਪਹੁੰਚ, ਡਾਕਟਰੀ ਸਹਾਇਤਾ, ਕੰਟੈਕਟ ਹਿਸਟਰੀ ਟਰੇਸਿੰਗ, ਸਾਰੇ ਜ਼ਿਲਿ•ਆਂ ਵਿੱਚ ਕੋਵਿਡ -19 ਦੀ ਰੀਅਲ ਟਾਈਮ ਅਪਡੇਟਸ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਪ੍ਰਦਾਨ ਕਰਦੀ-ਡਿਪਟੀ ਕਮਿਸ਼ਨਰ

ਗੁਰਦਾਸਪੁਰ, 3 ਜੂਨ (        ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਮਿਸ਼ਨ ਫਤਿਹ' ਤਹਿਤ ਕੋਵਿਡ ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਜਾਗਰੂਕਤਾ ਮੁਹਿੰਮ ਵਿੱਢੀ ਗਈ ਹੈ ਤਾਂ ਜੋ ਕੋਰੋਨਾ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਈ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸਹੂਲਤ ਲਈ 'ਕੋਵਾ-ਐਪ-COVA 1PP) ਲਾਂਚ ਕੀਤੀ ਗਈ ਹੈ, ਜਿਸ ਦੀ ਵਰਤੋਂ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੀ ਹੈ। ਇਸ ਉਪਰਾਲੇ ਤਹਿਤ ਐਂਡਰਾਇਡ ਪਲੇਅਸਟੋਰ ਅਤੇ ਆਈਓਐਸ ਐਪਸਟੋਰ 'ਤੇ ਉਪਲਬਧ ਐਪ ਰਾਹੀਂ ਸਰਕਾਰ ਵਲੋਂ ਵੱਖ-ਵੱਖ ਸਹੂਲਤਾਂ ਦਾ ਲੈਣ ਦੀ ਉਪਬੱਲਧਤਾ ਹੈ।

ਉਨਾਂ ਦੱਸਿਆ ਕਿ ਕੋਵਾ ਐਪ  ਜ਼ਰੂਰੀ ਸੇਵਾਵਾਂ ਤੱਕ ਪਹੁੰਚ, ਡਾਕਟਰੀ ਸਹਾਇਤਾ, ਕੰਟੈਕਟ ਹਿਸਟਰੀ ਟਰੇਸਿੰਗ, ਸਾਰੇ ਜ਼ਿਲਿਆਂ ਵਿੱਚ ਕੋਵਿਡ -19 ਦੀ ਰੀਅਲ ਟਾਈਮ ਅਪਡੇਟਸ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਪ੍ਰਦਾਨ ਕਰਦੀ। ਇਸ ਰਾਹੀਂ ਲੋਕ ਡਾਕਟਰਾਂ ਕੋਲੋ ਸਲਾਹ ਲੈ ਸਕਦੇ ਹਨ, ਕਰਫਿਊ ਪਾਸ ਜਨਰੇਟ ਕਰ ਸਕਦੇ ਹਨ, ਈਸੰਜੀਵਨੀ ਓਪੀਡੀ ਦੀ ਸਹੂਲਤ ਉਪਲਬੱਧ ਹੈ, ਵਲੰਟੀਅਰ ਬਣਨ ਵਾਸਤੇ, ਸਰਕਾਰ ਵਲੋਂ ਜਾਰੀ ਹੁਕਮਾਂ ਦੀ ਜਾਣਕਾਰੀ ਸਬੰਧੀ, ਰੇਲਗੱਡੀ ਦੀ ਬੁਕਿੰਗ ਸਬੰਧੀ, ਸਫਰ ਲਈ ਰਜਿਸ਼ਟਰੇਸ਼ਨ, ਲੇਬਰ ਵਲੋਂ ਰਜਿਸਟਰ ਕਰਨ ਸਬੰਧੀ, ਨੋਟੀਫਾਈ ਕੀਤੇ ਅਨੁਸਾਰ ਸਥਾਨਕ ਦੁਕਾਨਦਾਰ ਕਰਿਆਨਾ ਅਤੇ ਜ਼ਰੂਰੀ ਸਮਾਨ ਦੀ ਦੁਕਾਨਾਂ ਆਦਿ ਸਹੂਲਤਾਂ ਦੀ ਵਿਵਸਥਾ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਤਾਲਾਬੰਦੀ ਦੌਰਾਨ ਇਸ ਉਪਰਾਲੇ ਦਾ ਉਦੇਸ਼ ਨਾ ਕੇਵਲ ਲੋਕਾਂ ਤੱਕ ਜ਼ਰੂਰੀ ਸੇਵਾਵਾਂ ਅਤੇ ਲੋੜੀਦੀਆਂ ਵਸਤਾਂ ਦੀ ਅਸਾਨ ਪਹੁੰਚ ਬਣਾਉਣ ਵਿਚ ਸਹਾਇਤਾ ਕਰਨਾ ਹੈ ਸਗੋਂ ਦੁਕਾਨਦਾਰਾਂ ਨੂੰ ਲੋਕਾਂ ਦੇ ਘਰਾਂ ਵਿਚ ਅਜਿਹੀਆਂ ਚੀਜਾਂ ਦੀ ਸੁਚੱਜੀ ਸਪਲਾਈ ਕਰਨ ਵਿਚ ਸਮਰੱਥ ਬਣਾਉਣਾ ਵੀ ਸੀ।

ਉਨਾਂ ਨਾਗਰਿਕਾਂ ਨੂੰ ਇਸ ਐਪ ਦੀਆਂ ਵੱਖ ਵੱਖ ਵਿਸ਼ੇਸ਼ਤਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਕੋਵਾ ਐਪ ਡਾਊਨਲੋਡ ਕਰਨ ਦੀ ਅਪੀਲ ਕੀਤੀ।

I/30625/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਕੋਰੋਨਾ ਮਹਾਂਮਾਰੀ ਤੋ ਬਚਣ ਲਈ ਲੋਕ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ- ਐਸ.ਐਸ.ਪੀ ਸਵਰਨਦੀਪ ਸਿੰਘ

ਗੁਰਦਾਸਪੁਰ, 3 ਜੂਨ ( ) ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਵਲੋਂ ਕੋਰੋਨਾ ਵਾਇਰਸ ਨੂੰ ਖਤਮ ਕਰਨ ਲਈ ਸ਼ੁਰੂ ਕੀਤੇ ਗਏ 'ਮਿਸ਼ਨ ਫ਼ਤਿਹ' ਤਹਿਤ ਲੋਕਾਂ ਨੂੰ ਕੋਰੋਨਾ ਮਹਾਂਮਾਰੀ ਵਿਰੁੱਧ ਲਾਮਬੰਦ ਕੀਤਾ ਜਾਵੇਗਾ ਅਤੇ ਲੋਕਾਂ ਦੇ ਸਹਿਯੋਗ ਨਾਲ ਇਸ ਮਿਸ਼ਨ ਨੂੰ ਕਾਮਯਾਬ ਕੀਤਾ ਜਾਵੇਗਾ।

ਸ੍ਰੀ ਸਵਰਨਦੀਪ ਸਿੰਘ ਐਸ.ਐਸ.ਪੀ ਗੁਰਦਾਸਪੁਰ ਨੇ ਕਿਹਾ ਕਿ ਕੋਰੋਨਾ ਵਾਇਰਸ ਨੂੰ ਸਮੂਹਿਕ ਸਹਿਯੋਗ ਨਾਲ ਹੀ ਖ਼ਤਮ ਕੀਤਾ ਜਾ ਸਕਦਾ ਹੈ, ਜਿਸ ਲਈ ਲੋਕ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਘਰ ਤੋਂ ਬਾਹਰ ਜਾਣ ਲੱਗਿਆ ਮਾਸਕ ਜਰੂਰੀ ਪਾਇਆ ਜਾਵੇ ਅਤੇ ਉਚਿਤ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ। ਉਨ•ਾਂ ਕਿਹਾ ਕਿ ਜਨਤਕ ਥਾਂ 'ਤੇ ਥੁੱਕਣ ਦੀ ਵੀ ਮਨਾਹੀ ਹੈ।

ਜੇਕਰ ਕੋਈ ਵਿਅਕਤੀ ਜਨਤਕ ਥਾਂ 'ਤੇ ਮਾਸਕ ਨਹੀਂ ਪਹਿਨਦਾ ਤਾਂ ਉਸ ਨੂੰ 500 ਰੁਪਏ ਜੁਰਮਾਨਾ ਕੀਤਾ ਜਾਵੇਗਾ ਅਤੇ ਜਨਤਕ ਥਾਂ ਤੇ ਥੁੱਕਣ ਵਾਲੇ ਨੂੰ ਵੀ 500 ਰੁਪਏ ਜੁਰਮਾਨਾ ਕੀਤਾ ਜਾਵੇਗਾ। ਘਰ ਇਕਾਂਤਵਾਸ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਨੂੰ 2000 ਰੁਪਏ ਜੁਰਮਾਨਾ ਕੀਤਾ ਜਾਵੇਗਾ। ਦੁਕਾਨ ਜਾਂ ਕਿਸੇ ਕਮਰਸ਼ੀਅਲ ਜਗਾ 'ਤੇ ਜੇਕਰ ਸਮਾਜਿਕ ਦੂਰੀ ਦੀ ਉਲੰਘਣਾ ਹੁੰਦੀ ਹੈ ਤਾਂ ਮਾਲਕ ਤੋਂ 2000 ਰੁਪਏ ਦਾ ਜ਼ੁਰਮਾਨਾ ਵਸੂਲਿਆ ਜਾਵੇਗਾ। ਇਸ ਤੋਂ ਇਲਾਵਾ ਸਮਾਜਿਕ ਦੂਰੀ ਦੀ ਉਲੰਘਣਾ ਕਰਨ 'ਤੇ ਬੱਸ ਮਾਲਕਾਂ ਨੂੰ 3000 ਰੁਪਏ, ਕਾਰ ਮਾਲਕ ਨੂੰ 2000 ਰੁਪਏ ਤੇ ਆਟੋ ਰਿਕਸ਼ਾਂ ਤੇ ਦੋ ਪਹੀਆ ਵਾਹਨ ਨੂੰ 500 ਰੁਪਏ ਦਾ ਜ਼ੁਰਮਾਨਾ ਕੀਤਾ ਜਾਵੇਗਾ।

ਐੱਸ.ਐੱਸ.ਪੀ. ਨੇ ਅੱਗੇ ਦੱਸਿਆ ਕਿ ਉਲੰਘਣਾ ਕਰਨ ਵਾਲੇ ਵੱਲੋਂ ਜੁਰਮਾਨਾ ਨਾ ਭਰਨ ਦੀ ਸੂਰਤ ਵਿੱਚ ਉਸ ਵਿਰੁੱਧ ਐਪੀਡੈਮਿਕ ਡਿਜ਼ੀਜ ਐਕਟ 1897 ਦੇ ਨਿਯਮਾਂ ਤਹਿਤ ਆਈ.ਪੀ.ਸੀ. ਦੀ ਧਾਰਾ 188 ਹੇਠ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨਾਂ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ 'ਮਿਸ਼ਨ ਫ਼ਤਿਹ' ਵਿੱਚ ਪੰਜਾਬ ਸਰਕਾਰ ਦਾ ਸਹਿਯੋਗ ਕਰਨ ਤਾਂ ਜੋ ਇਸ ਮਹਾਂਮਾਰੀ 'ਤੇ ਜਿੱਤ ਹਾਸਲ ਕੀਤੀ ਜਾ ਸਕੇ।

I/30663/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਪੀਐੱਮ ਕਿਸਾਨ ਨਿਧੀ ਯੋਜਨਾ ਵਿਚ ਸ਼ਾਮਲ ਹੋਣ ਤੋਂ ਰਹਿ ਗਏ ਕਿਸਾਨ 08 ਜੂਨ ਤੋਂ ਪਹਿਲਾਂ ਫਾਰਮ ਨੇੜਲੀ ਸਹਿਕਾਰੀ ਸਭਾਵਾਂ ਵਿਚ ਜਾ ਕੇ ਭਰਵਾ ਸਕਦੇ ਹਨ

ਗੁਰਦਾਸਪੁਰ, 3 ਜੂਨ ( ) ਬਲਵਿੰਦਰ ਸਿੰਘ ਡਿਪਟੀ ਰਜਿਸਟਰਾਟ ਸਹਿਕਾਰੀ ਸਭਾਵਾਂ ਨੇ ਦੱਸਿਆ ਕਿ ਸਰਕਾਰ ਵੱਲੋ ਜਾਰੀ ਕੀਤੇ ਗਏ ਕੋਵਿਡ-19 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੇਂਦਰੀ ਸਹਿਕਾਰੀ ਬੈਂਕ ਵਿੱਚ ਹਰ ਤਰਾਂ ਦੀਆਂ ਪੈਨਸ਼ਨ, ਸਰਕਾਰੀ ਸਬਸਿਡੀ ਸਕੀਮਾਂ, ਨਿਕਾਸੀ ਅਤੇ ਏ.ਟੀ.ਐਮ ਸਹੂਲਤਾਂ ਵਰਗੀਆ ਜਰੂਰੀ ਸੇਵਾਵਾਂ ਪ੍ਰਦਾਨ ਕੀਤੀਆ ਜਾ ਰਹੀਆਂ ਹਨ ਅਤੇ ਲੋਕ ਹਿੱਤ ਲਈ ਸਹਿਕਾਰਤਾ ਵਿਭਾਗ ਵਲੋਂ ਨਿਰੰਤਰ ਉਪਰਾਲੇ ਕੀਤੇ ਗਏ ਹਨ।

ਉਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਪੀ.ਐੱਮ ਕਿਸਾਨੀ ਨਿਧੀ ਯੋਜਨਾ ਵਿੱਚ ਸ਼ਾਮਲ ਹੋਣ ਤੋਂ ਰਹਿ ਗਏ ਕਿਸਾਨਾਂ ਨੂੰ ਇਸ ਯੋਜਨਾ ਵਿੱਚ ਗਾਈਡਲਾਈਨ ਅਨੁਸਾਰ ਤੁਰੰਤ ਸ਼ਾਮਲ ਕੀਤਾ ਜਾਵੇ , ਜਿਸ ਸਬੰਧੀ ਗੁਰਦਾਸਪੁਰ ਜ਼ਿਲੇ ਦੇ ਸਹਿਕਾਰੀ ਸਭਾਵਾਂ ਦੇ ਸਮੂਹ ਸਕੱਤਰਾਂ ਵੱਲੋਂ ਪੀ.ਐੱਮ ਕਿਸਾਨ ਨਿਧੀ ਯੋਜਨਾ ਵਿਚ ਸ਼ਾਮਲ ਕਰਨ ਲਈ ਕਿਸਾਨਾਂ ਦੇ ਫਾਰਮ ਭਰੇ ਜਾ ਰਹੇ ਹਨ।

ਡਿਪਟੀ ਰਜਿਸਟਰਾਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ 08 ਜੂਨ ਤੋਂ ਪਹਿਲਾਂ ਪਹਿਲਾਂ ਆਪਣੇ ਫਾਰਮ ਨੇੜਲੀ ਸਹਿਕਾਰੀ ਸਭਾਵਾਂ ਦੇ ਸਕੱਤਰਾਂ ਤੋਂ ਭਰਵਾਏ ਜਾਣ। ਉਨਾਂ ਅੱਗੇ ਦੱਸਿਆ ਕਿ ਕਰਫਿਊ/ਲਾਕਡਾਊਨ ਦੌਰਾਨ ਸਹਿਕਾਰਤਾ ਵਿਭਾਗ ਵੱਲੋ ਜਿਲੇ ਅੰਦਰ ਲੋਕਾਂ ਨੂੰ ਜਰੂਰੀ ਵਸਤਾਂ ਦੀ ਸਪਲਾਈ ਨਿਰਵਿਘਨ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਉਣ ਦੇਣ ਲਈ ਵਿਭਾਗ ਵਚਨਬੱਧ ਹੈ।

I/30735/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਸਿਹਤ ਵਿਭਾਗ ਵਲੋਂ ਗੁੜ ਵੇਚਣ ਵਾਲੀਆਂ ਹੋਲ ਸੈਲਰ ਦੁਕਾਨਾਂ ਦੀ ਚੈਕਿੰਗ

ਗੁਰਦਾਸਪੁਰ, 3 ਜੂਨ ( ) ਸਿਹਤ ਵਿਭਾਗ ਵਲੋਂ ਜਿਲੇ ਅੰਦਰ ਚੈਕਿੰਗ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਤਹਿਤ ਅੱਜ ਧਾਰੀਵਾਲ ਵਿਖੇ ਗੁੜ ਵੇਚਣ ਵਾਲੀਆਂ ਹੋਲ ਸੈਲਰ ਦੀ ਦੁਕਾਨਾਂ ਦੀ ਚੈਕਿੰਗ ਕੀਤੀ ਗਈ ਹੈ।

ਡਾ. ਬਲਦੇਵ ਸਿੰਘ ਜ਼ਿਲਾ ਸਿਹਤ ਅਫਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਗੁੜ ਵੇਚਣ ਵਾਲੀਆਂ ਹੋਲ ਸੇਲਰ ਦੁਕਾਨਾਂ ਦੀ ਚੈਕਿੰਗ ਕੀਤੀ ਗਈ ਤੇ ਚੈਕਿੰਗ ਦੌਰਾਨ ਚੈੱਕ ਕੀਤੀਆਂ ਦੁਕਾਨਾਂ ਦੇ ਬਿੱਲ ਸਹੀ ਪਾਏ ਗਏ।

ਜ਼ਿਲਾ ਸਿਹਤ ਅਫਸਰ ਨੇ ਦੁਕਾਨਦਾਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇਰਸ ਦੇ ਚੱਲਦਿਆਂ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਮਾਸਕ ਜਰੂਰੀ ਤੋਰ ਤੇ ਦੁਕਾਨਦਾਰ ਅਤੇ ਗਾਹਕ ਵਲੋਂ ਪਹਿਨਿਆ ਜਾਵੇ। ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ ਅਤੇ ਸ਼ੈਨੀਟਾਈਜਰ ਦੀ ਵਰਤੋਂ ਕੀਤੀ ਜਾਵੇ। ਉਨਾਂ ਕਿਹਾ ਕਿ ਲੰਘ ਚੁੱਕੀ ਤਾਰੀਖ ਦਾ ਸਮਾਨ ਬਿੱਲਕੁੱਲ ਨਾ ਵੇਚਿਆ ਜਾਵੇ, ਅਜਿਹਾ ਕਰਨ ਵਾਲੇ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

ਉਨਾਂ ਅੱਗੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਲੋਕਾਂ ਨੂੰ ਖਾਣਯੋਗ ਪਦਾਰਥਾਂ ਦੀ ਸੁਰੱਖਿਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਵੱਖ-ਵੱਖ ਪੱਧਰ ਉੱਪਰ ਜਾਗਰੂਕ ਕੀਤਾ ਜਾ ਰਿਹਾ ਹੈ।

I/30757/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਜ਼ਿਲੇ ਅੰਦਰ 3967 ਸ਼ੱਕੀ ਮਰੀਜਾਂ ਵਿਚੋਂ 3577 ਮਰੀਜਾਂ ਦੀ ਰਿਪੋਰਟ ਨੈਗਟਿਵ

ਗੁਰਦਾਸਪੁਰ, 3 ਜੂਨ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਜਿਲੇ ਅੰਦਰ 3967 ਸ਼ੱਕੀ ਮਰੀਜਾਂ ਵਿਚੋਂ 3577 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 143 ਕੋਰੋਨਾ ਪੀੜਤ, 248 ਪੈਂਡਿੰਗ ਹਨ।

ਜ਼ਿਲੇ ਅੰਦਰ 143 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ, 132 ਮਰੀਜਾਂ ਘਰਾਂ ਨੂੰ ਭੇਜੇ ਗਏ ਹਨ, (125 ਠੀਕ ਹੋਏ ਹਨ ਅਤੇ 07 ਘਰਾਂ ਵਿਚ ਏਕਾਂਤਵਾਸ ਕੀਤੇ ਗਏ ਹਨ, 03 ਪੀੜਤ ਬਟਾਲਾ, 04 ਪੀੜਤ ਧਾਰੀਵਾਲ ਅਤੇ 01 ਪੀੜਤ ਅੰਮ੍ਰਿਤਸਰ ਵਿਖੇ ਦਾਖਲ ਹੈ।

ਇਸ ਤਰਾਂ ਜਿਲੇ ਵਿਚ 07 ਐਕਟਿਵ ਕੋਰੋਨਾ ਪੀੜਤ ਤੇ 01 ਅੰਮ੍ਰਿਤਸਰ ਵਿਚ ਦਾਖਲ ਹੈ।
ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਮਾਸਕ ਜਰੂਰ ਤੌਰ 'ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ।

-------------------------